### ਲਿਖਤੀ ਪ੍ਰੀਖਿਆ ਦੇ ਪ੍ਰਸ਼ਨ ਪੱਤਰ ਦੀ ਬਣਤਰ

### ਕੇਵਲ ਵਿਲੱਖਣ ਸਮਰੱਥਾ ਵਾਲੇ ਪ੍ਰੀਖਿਆਰਥੀਆਂ ਲਈ

# ਅੱਠਵੀਂ : ਖੇਤੀਬਾੜੀ DA - 813

ਸਮਾਂ : $2\frac{1}{2}$ ਘੰਟੇ ਕੁੱਲ ਅੰਕ : 50 ਅੰਕ

ਪ੍ਰਸ਼ਨ ਪੱਤਰ ਵਿੱਚ ਕੁੱਲ 21 ਪ੍ਰਸ਼ਨ ਹੋਣਗੇ । ਅੰਕਾਂ ਦੀ ਵੰਡ ਹੇਠ ਲਿਖੇ ਅਨੁਸਾਰ ਹੈ :

| ਸੈਕਸ਼ਨ | ਪਾਠ ਨੰਬਰ | 2-2 ਅੰਕਾਂ ਵਾਲੇ ਆਬਜੈਕਟਿਵ ਟਾਈਪ ਪ੍ਰਸ਼ਨ | | | 3-3 ਅੰਕਾਂ ਵਾਲੇ ਛੋਟੇ ਉੱਤਰਾਂ ਵਾਲੇ ਪ੍ਰਸ਼ਨ | 4-4 ਅੰਕਾਂ ਵਾਲੇ ਵੱਡੇ ਉੱਤਰਾਂ ਵਾਲੇ ਪ੍ਰਸ਼ਨ | ਕੁੱਲ |
|---|---|---|---|---|---|---|---|
| | | ਬਹੁ-ਭਾਂਤੀ ਉੱਤਰਾਂ ਵਾਲੇ ਪ੍ਰਸ਼ਨ | ਖ਼ਾਲੀ ਥਾਵਾਂ ਭਰੋ ਵਾਲੇ ਪ੍ਰਸ਼ਨ | ਸਹੀ ਜਾਂ ਗ਼ਲਤ ਕਥਨਾਂ ਵਾਲੇ ਪ੍ਰਸ਼ਨ | | | |
| ੳ | 1, 2, 3 | 1 | 2 | 2 | 1 | 0 | 13 ਅੰਕ |
| ਅ | 4, 5, 6 | 1 | 1 | 1 | 1 | 1 | 13 ਅੰਕ |
| ੲ | 7, 8, 9 | 1 | 1 | 1 | 1 | 1 | 13 ਅੰਕ |
| ਸ | 10, 11 | 1 | 2 | 1 | 1 | 0 | 11 ਅੰਕ |
| ਕੁੱਲ ਪ੍ਰਸ਼ਨ | | 4 | 6 | 5 | 4 | 2 | 21 ਪ੍ਰਸ਼ਨ |
| ਕੁੱਲ ਅੰਕ | | 8 | 12 | 10 | 12 | 8 | 50 ਅੰਕ |

ਪ੍ਰਸ਼ਨ ਪੱਤਰ ਨੂੰ ਪੰਜ ਭਾਗਾਂ ਵਿੱਚ ਵੰਡਿਆ ਗਿਆ ਹੈ :

**ਭਾਗ ਨੰ. I** ਪ੍ਰਸ਼ਨ ਨੰ. 1 ਤੋਂ 4 ਤੱਕ **ਦੋ-ਦੋ ਅੰਕਾਂ** ਵਾਲੇ ਹੋਣਗੇ । ਇਹ ਪ੍ਰਸ਼ਨ **ਬਹੁ-ਭਾਂਤੀ ਉੱਤਰਾਂ ਵਾਲੇ** ਹੋਣਗੇ । ਇਹ ਸਾਰੇ ਪ੍ਰਸ਼ਨ ਹੱਲ ਕਰਨੇ ਲਾਜ਼ਮੀ ਹੋਣਗੇ ।

**ਭਾਗ ਨੰ. II** ਪ੍ਰਸ਼ਨ ਨੰ. 5 ਤੋਂ 10 ਤੱਕ **ਦੋ-ਦੋ ਅੰਕਾਂ** ਵਾਲੇ ਹੋਣਗੇ । ਇਨ੍ਹਾਂ ਪ੍ਰਸ਼ਨਾਂ ਦੇ ਸਾਹਮਣੇ **ਬਰੈਕਟ ਵਿੱਚ ਦਿੱਤੇ ਗਏ ਸ਼ਬਦਾਂ ਵਿੱਚੋਂ ਸਹੀ ਸ਼ਬਦ ਚੁਣ ਕੇ ਖ਼ਾਲੀ ਥਾਂ ਭਰਨੀ ਹੋਵੇਗੀ** ।ਇਹ ਸਾਰੇ ਪ੍ਰਸ਼ਨ ਹੱਲ ਕਰਨੇ ਲਾਜ਼ਮੀ ਹੋਣਗੇ।

**ਭਾਗ ਨੰ. III** ਪ੍ਰਸ਼ਨ ਨੰ. 11 ਤੋਂ 15 ਤੱਕ **ਦੋ-ਦੋ ਅੰਕਾਂ** ਵਾਲੇ ਹੋਣਗੇ । ਇਨ੍ਹਾਂ ਪ੍ਰਸ਼ਨਾਂ ਦੇ ਵਿੱਚੋਂ **ਸਹੀ ਜਾਂ ਗ਼ਲਤ ਕਥਨ ਚੁਣਨਾ ਹੋਵੇਗਾ** । ਇਹ ਸਾਰੇ ਪ੍ਰਸ਼ਨ ਹੱਲ ਕਰਨੇ ਲਾਜ਼ਮੀ ਹੋਣਗੇ ।

**ਭਾਗ ਨੰ. IV** ਪ੍ਰਸ਼ਨ ਨੰ. 16 ਅਤੇ 19 **ਤਿੰਨ-ਤਿੰਨ ਅੰਕਾਂ** ਵਾਲੇ **ਛੋਟੇ ਉੱਤਰਾਂ ਵਾਲੇ ਪ੍ਰਸ਼ਨ** ਹੋਣਗੇ । ਹਰੇਕ ਪ੍ਰਸ਼ਨ ਦਾ ਉੱਤਰ ਲਗਭਗ **ਇੱਕ-ਦੋ ਵਾਕਾਂ** ਦਾ ਹੋਵੇਗਾ । ਇਨ੍ਹਾਂ **ਸਾਰੇ ਪ੍ਰਸ਼ਨਾਂ ਵਿੱਚ** 100% **ਅੰਦਰੂਨੀ ਛੋਟ** ਹੋਵੇਗੀ । ਅੰਦਰੂਨੀ ਛੋਟ ਵਾਲਾ ਪ੍ਰਸ਼ਨ ਉਸੇ ਸੈਕਸ਼ਨ ਵਿੱਚੋਂ ਹੀ ਹੋਵੇਗਾ ।

**ਭਾਗ ਨੰ. V** ਪ੍ਰਸ਼ਨ ਨੰ. 20 ਅਤੇ 21 **ਚਾਰ-ਚਾਰ ਅੰਕਾਂ** ਵਾਲੇ **ਵੱਡੇ ਉੱਤਰਾਂ ਵਾਲੇ ਪ੍ਰਸ਼ਨ** ਹੋਣਗੇ । ਹਰੇਕ ਪ੍ਰਸ਼ਨ ਦਾ ਉੱਤਰ ਲਗਭਗ **ਤਿੰਨ-ਚਾਰ ਵਾਕਾਂ** ਦਾ ਹੋਵੇਗਾ । ਇਨ੍ਹਾਂ **ਸਾਰੇ ਪ੍ਰਸ਼ਨਾਂ ਵਿੱਚ** 100% **ਅੰਦਰੂਨੀ ਛੋਟ** ਹੋਵੇਗੀ।ਅੰਦਰੂਨੀ ਛੋਟ ਵਾਲਾ ਪ੍ਰਸ਼ਨ ਉਸੇ ਸੈਕਸ਼ਨ ਵਿੱਚੋਂ ਹੀ ਹੋਵੇਗਾ ।

# ਸ਼੍ਰੇਣੀ : ਅੱਠਵੀਂ

# ਖੇਤੀਬਾੜੀ DA

**ਸਮਾਂ : 2½ ਘੰਟੇ** **ਲਿਖਤੀ ਪ੍ਰੀਖਿਆ : 50 ਅੰਕ**

## ਪਾਠਕ੍ਰਮ (ਲਿਖਤੀ)

1. **ਭੂਮੀ ਅਤੇ ਭੂਮੀ ਸੁਧਾਰ :** ਭੂਮੀ ਕੀ ਹੈ ? ਭੂਮੀ ਦੇ ਭੌਤਿਕ ਅਤੇ ਰਸਾਇਣਕ ਗੁਣ । ਰੇਤਲੀਆਂ, ਚੀਕਣੀਆਂ ਅਤੇ ਕੱਲਰੀਆਂ ਜ਼ਮੀਨਾਂ ਦਾ ਸੁਧਾਰ ਕਰਨਾ । ਸੇਮ ਵਾਲੀਆਂ ਜ਼ਮੀਨਾਂ ਦੀਆਂ ਸਮੱਸਿਆਵਾਂ ਅਤੇ ਉਹਨਾਂ ਨੂੰ ਸੁਧਾਰਨ ਦੇ ਢੰਗ ।
2. **ਪਨੀਰੀਆਂ ਤਿਆਰ ਕਰਨਾ :** ਪਨੀਰੀ ਤਿਆਰ ਕਰਨ ਦੀ ਜ਼ਰੂਰਤ ਅਤੇ ਲਾਭ । ਸਬਜ਼ੀਆਂ ਅਤੇ ਫੁੱਲਾਂ ਦੀ ਪਨੀਰੀ ਤਿਆਰ ਕਰਨਾ । ਫ਼ਲਦਾਰ ਬੂਟਿਆਂ ਅਤੇ ਜੰਗਲਾਤ ਬੂਟਿਆਂ ਦੀ ਨਰਸਰੀ ਤਿਆਰ ਕਰਨਾ ।
3. **ਜ਼ਮੀਨ ਦੀ ਪੈਮਾਇਸ਼ ਅਤੇ ਰਿਕਾਰਡ :** ਜ਼ਮੀਨ ਦੀ ਮਿਣਤੀ ਅਤੇ ਰਿਕਾਰਡ ਸਬੰਧੀ ਜ਼ਰੂਰੀ ਦਸਤਾਵੇਜ਼ ਅਤੇ ਅਹਿਮ ਪਹਿਲੂ – ਜ਼ਰੀਬ, ਸ਼ਿਜਰਾ, ਨਿਸ਼ਾਨਦੇਹੀ, ਮੁਰੱਬਾਬੰਦੀ, ਗੋਸ਼ਵਾਰਾਂ, ਇੰਤਕਾਲ, ਜਮ੍ਹਾਂਬੰਦੀ, ਤਕਸੀਮ, ਗਿਰਦਾਵਰੀ, ਦਰੁਸਤੀ ਗਿਰਦਾਵਰੀ, ਠੇਕਾ, ਰਹਿਣ, ਖਰਾਬਾ ਆਦਿ ਸਬੰਧੀ ਜਾਣਕਾਰੀ । ਭੂਮੀ ਦੇ ਰਿਕਾਰਡ ਦਾ ਕੰਪਿਊਟਰੀਕਰਨ । ਜ਼ਮੀਨ ਦੀ ਪੈਮਾਇਸ਼ ਲਈ ਪੈਮਾਨੇ ।
4. **ਸੂਰਜੀ ਊਰਜਾ :** ਰਵਾਇਤੀ ਅਤੇ ਗੈਰ-ਰਵਾਇਤੀ ਊਰਜਾ ਸੋਮੇ, ਮਹੱਤਤਾ । ਸੂਰਜੀ ਊਰਜਾ ਨਾਲ ਚੱਲਣ ਵਾਲੇ ਯੰਤਰ – ਸੋਲਰ ਡਰਾਇਰ, ਸੋਲਰ ਕੁੱਕਰ, ਸੋਲਰ ਵਾਟਰ ਹੀਟਰ, ਸੋਲਰ ਲਾਲਟੈਣ, ਸੋਲਰ ਹੋਮ ਲਾਈਟਿੰਗ ਸਿਸਟਮ, ਸੋਲਰ ਸਟਰੀਟ ਲਾਈਟ, ਸੋਲਰ ਵਾਟਰ ਪੰਪ ਆਦਿ ਸਬੰਧੀ ਜਾਣਕਾਰੀ ।
5. **ਖੁੰਬਾਂ ਦੀ ਕਾਸ਼ਤ :** ਖੁੰਬਾਂ ਦਾ ਖੁਰਾਕੀ ਮਹੱਤਵ, ਵੱਖ-ਵੱਖ ਕਿਸਮਾਂ ਦੀਆਂ ਖੁੰਬਾਂ ਉਗਾਉਣਾ, ਕੀੜਿਆਂ ਤੋਂ ਬਚਾਓ, ਪੈਕਿੰਗ ਅਤੇ ਮੰਡੀਕਰਨ ਕਰਨਾ ।
6. **ਮਧੂ ਮੱਖੀ ਪਾਲਣ :** ਮਧੂ ਮੱਖੀ ਪਾਲਣ ਦੀ ਮਹੱਤਤਾ, ਮਧੂ ਮੱਖੀ ਦੀ ਸਰੀਰਕ ਬਣਤਰ, ਕਿਸਮਾਂ, ਜਾਤਾਂ, ਜੀਵਨ ਚੱਕਰ, ਕਟੁੰਬ ਦੀ ਜੱਥੇਬੰਦੀ ਅਤੇ ਕੰਮਕਾਰ ਦੀ ਵੰਡ । ਮੌਸਮੀ ਪ੍ਰਬੰਧ, ਸ਼ਹਿਦ ਦਾ ਮੰਡੀਕਰਨ, ਸਰਕਾਰੀ ਵੱਲੋਂ ਦਿੱਤੀ ਜਾਣ ਵਾਲੀ ਵਿੱਤੀ ਸਹਾਇਤਾ ਅਤੇ ਸਿਖਲਾਈ ਬਾਰੇ ਜਾਣਕਾਰੀ ।
7. **ਬਹੁ-ਭਾਂਤੀ ਖੇਤੀ :** ਬਹੁ-ਫ਼ਸਲੀ ਪ੍ਰਣਾਲੀ ਦੀ ਲੋੜ, ਮਹੱਤਵਪੂਰਣ ਫ਼ਸਲੀ ਚੱਕਰ, ਸੰਯੁਕਤ ਫ਼ਸਲੀ ਚੱਕਰ – ਖੇਤੀ ਸਹਾਇਕ ਧੰਦੇ ਅਪਣਾਉਣਾ ।
8. **ਜੈਵਿਕ ਖੇਤੀ :** ਜੈਵਿਕ ਖੇਤੀ ਦੀ ਮਹੱਤਤਾ, ਲੋੜ ਅਤੇ ਜੈਵਿਕ ਖੇਤੀ ਅਧੀਨ ਰਕਬਾ । ਜੈਵਿਕ ਮਿਆਰ, ਜੈਵਿਕ ਫ਼ਸਲ ਉਤਪਾਦਨ ਦੇ ਤਰੀਕੇ, ਜੈਵਿਕ ਤਸਦੀਕੀਕਰਨ ਅਤੇ ਜੈਵਿਕ ਖੇਤੀ ਦਾ ਭਵਿੱਖ ।
9. **ਖੇਤੀ ਮਸ਼ੀਨਰੀ ਅਤੇ ਉਸ ਦੀ ਸਾਂਭ-ਸੰਭਾਲ :** ਖੇਤੀ ਮਸ਼ੀਨਰੀ ਦੀ ਸੰਭਾਲ ਦੀ ਮਹੱਤਤਾ । ਟਰੈਕਟਰ, ਕੰਬਾਈਨ ਹਾਰਵੈਸਟਰ, ਕਲਟੀਵੇਟਰ, ਤਵੀਆਂ, ਸੀਡ ਡਰਿੱਲ ਆਦਿ ਦੀ ਸਾਂਭ-ਸੰਭਾਲ ਕਰਨ ਦੇ ਤਰੀਕੇ ।
10. **ਫ਼ਲਾਂ ਅਤੇ ਸਬਜ਼ੀਆਂ ਦੀ ਸਾਂਭ-ਸੰਭਾਲ :** ਫ਼ਲਾਂ ਅਤੇ ਸਬਜ਼ੀਆਂ ਨੂੰ ਸੰਭਾਲਣ ਦੀ ਲੋੜ, ਸਾਂਭ-ਸੰਭਾਲ ਦੇ ਵੱਖ-ਵੱਖ ਨੁਕਤੇ – ਫ਼ਲ ਅਤੇ ਸਬਜ਼ੀਆਂ ਦੀ ਤੁੜਾਈ, ਡੱਬਾਬੰਦੀ, ਸਟੋਰ ਕਰਨਾ ਅਤੇ ਢੋਆ-ਢੁਆਈ । ਫ਼ਲ ਪਕਾਉਣ ਦੇ ਸੁਰੱਖਿਅਤ ਤਰੀਕੇ ।
11. **ਫ਼ਲ ਅਤੇ ਸਬਜ਼ੀਆਂ ਤੋਂ ਅਚਾਰ, ਮੁਰੱਬੇ ਅਤੇ ਸ਼ਰਬਤ ਬਣਾਉਣਾ :** ਫਲ ਅਤੇ ਸਬਜ਼ੀਆਂ ਦੀ ਪ੍ਰੋਸੈਸਿੰਗ ਦਾ ਭਵਿੱਖ । ਫ਼ਲਾਂ ਅਤੇ ਸਬਜ਼ੀਆਂ ਤੋਂ ਅਚਾਰ, ਮੁਰੱਬਾ, ਸ਼ਰਬਤ, ਕੈਚਅੱਪ ਆਦਿ ਤਿਆਰ ਕਰਨਾ । ਫ਼ਲਾਂ ਅਤੇ ਸਬਜ਼ੀਆਂ ਨੂੰ ਸੁਕਾਉਣਾ ।